# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-06-2024**

- ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਕਿਹਾ ਕਿ, 'ਤਿੰਨ ਨਵੇਂ ਫੌਜਦਾਰੀ ਕਾਨੂੰਨ' ਲੋਕਾਂ ਨੂੰ ਜਲਦੀ ਨਿਆਂ ਦੇਣ ਲਈ ਬਣਾਏ ਗਏ ਨੇ।
- ਪਟਿਆਲਾ ਰੇਂਜ ਦੇ ਜਿਲ੍ਹਿਆਂ 'ਚ 916 ਪੁਲਿਸ ਮੁਲਾਜ਼ਮਾਂ ਦੇ ਤਬਦਾਲੇ ਕੀਤੇ ਗਏ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਤਿਉਹਾਰ ਈਦ-ਉਲ-ਜ਼ੁਹਾ- ਬਕਰੀਦ ਦੀ ਪੂਰਵ ਸੰਧਿਆ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।
- ਗਰਮੀ ਦੇ ਚਲਦਿਆਂ ਮੌਸਮ ਵਿਭਾਗ ਵਲੋਂ 2 ਦਿਨਾਂ ਲਈ ਹੀਟਵੇਵ ਦਾ ਅਲਰਟ ਜਾਰੀ।

---------------------------------------------------------------------

ਕੇਂਦਰ ਸਰਕਾਰ ਨੇ ''ਅਪਰਾਧਿਕ ਨਿਆਂ ਪ੍ਰਣਾਲੀ ਪ੍ਰਸ਼ਾਸ਼ਨ ਵਿਚ ਭਾਰਤ ਦਾ ਪ੍ਰਗਤੀਸ਼ੀਲ ਮਾਰਗ'' ਸਿਰਲੇਖ ਤਹਿਤ ਅੱਜ ਕੋਲਕਾਤਾ ਵਿੱਚ ਇੱਕ ਕਾਨਫਰੰਸ ਦਾ ਆਯੋਜਨ ਕੀਤਾ । ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਾਨਫਰੰਸ ਦਾ ਉਦਘਾਟਨ ਕੀਤਾ । ਉਨ੍ਹਾਂ ਕਿਹਾ ਕਿ ਲੋਕਾਂ ਨੂੰ ਜਲਦੀ ਨਿਆਂ ਦੇਣ ਲਈ, ਤਿੰਨ ਨਵੇਂ ਫੌਜਦਾਰੀ ਕਾਨੂੰਨ ਬਣਾਏ ਗਏ ਨੇ । ਸ੍ਰੀ ਮੇਘਵਾਲ ਨੇ ਕਿਹਾ ਕਿ ਦੇਸ਼ ਦੇ ਹਾਲਾਤ ਅਤੇ ਸਮੇਂ ਮੁਤਾਬਿਕ, ਕਾਨੂੰਨਾਂ ਵਿਚ ਤਬਦੀਲੀ ਦੀ ਲੋੜ ਹੁੰਦੀ ਏ । ਨਿਆਂ ਮੰਤਰੀ ਨੇ ਕਿਹਾ ਕਿ ਦੇਸ਼ ਦੇ ਕਈ ਵਰਗਾਂ ਵੱਲੋਂ, ਅੰਗਰੇਜ਼ਾਂ ਦੇ ਜ਼ਮਾਨੇ ਦੇ ਇਨ੍ਹਾਂ ਕਾਨੂੰਨਾਂ ਵਿੱਚ ਬਦਲਾਅ ਦੀ ਮੰਗ ਕੀਤੀ ਜਾ ਰਹੀ ਸੀ। ਅਰਜੁਨ ਰਾਮ ਮੇਘਵਾਲ ਨੇ ਇਨ੍ਹਾਂ ਦੋਸ਼ਾਂ ਨੂੰ ਰੱਦ ਕਰ ਦਿੱਤਾ ਕਿ ਕੇਂਦਰ ਸਰਕਾਰ ਨੇ, ਬਿਨਾਂ ਕਿਸੇ ਸਲਾਹ ਮਸ਼ਵਰੇ ਦੇ ਇਹ ਤਿੰਨ ਨਵੇਂ ਅਪਰਾਧਿਕ ਕਾਨੂੰਨ, ਜਲਦਬਾਜ਼ੀ ਵਿੱਚ ਬਣਾਏ ਨੇ । ਉਨ੍ਹਾਂ ਕਿਹਾ ਕਿ ਦੇਸ਼ ਦੇ ਸਾਰੇ ਸੂਬਿਆਂ , ਕੇਂਦਰ ਸ਼ਾਸਤ ਪ੍ਰਦੇਸ਼ਾਂ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਇਸ ਨਾਲ ਜੁੜੇ ਸਾਰੇ ਲੋਕਾਂ ਨਾਲ, ਸਲਾਹ-

ਮਸ਼ਵਰਾ ਕੀਤਾ ਗਿਆ। ਇਸ ਕਾਨਫਰੰਸ ਵਿੱਚ ਕਲਕੱਤਾ ਹਾਈ ਕੋਰਟ ਦੇ ਚੀਫ਼ ਜਸਟਿਸ, ਟੀ.ਐਸ. ਸ਼ਿਵਗਨ-ਨਮ ਨੇ ਕਿਹਾ ਕਿ ਆਜ਼ਾਦੀ ਦੇ ਲਗਭਗ 8 ਦਹਾਕਿਆਂ ਬਾਅਦ, ਜਦੋਂ ਦੇਸ਼ ਨੇ ਉਦਯੋਗਿਕ ਸਿੱਖਿਆ ਅਤੇ ਤਕਨਾਲੋਜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਬਹੁਤ ਤਰੱਕੀ ਕੀਤੀ ਏ, ਕਾਨੂੰਨ ਅਤੇ ਨਿਆਂਪਾਲਿਕਾ ਮੱਠੀ ਰਫ਼ਤਾਰ ਨਾਲ ਅੱਗੇ ਵੱਧ ਕੇ ਪਿੱਛੇ ਨਹੀਂ ਰਹਿ ਸਕਦੇ।

-----------------------------------------------------------

ਕੌਮੀ ਅਪਰਾਧ ਰਿਕਾਰਡ ਬਿਊਰੋ NCRB ਨੇ ਇੱਕ ਮੋਬਾਈਲ ਐਪ "ਅਪਰਾਧਿਕ ਕਾਨੂੰਨਾਂ ਦਾ NCRB ਸੰਕਲਨ" ਜਾਰੀ ਕੀਤੀ ਏ। ਇਸ ਐਪ ਵਿਚ ਨਵੇਂ ਅਪਰਾਧਿਕ ਕਾਨੂੰਨਾਂ ਭਾਰਤੀ ਨਯਾਯ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ ਦੀ ਜਾਣਕਾਰੀ ਏ। ਇਹ ਐਪ ਗੂਗਲ ਪਲੇ ਸਟੋਰ ਦੇ ਨਾਲ-ਨਾਲ, ਐਪਲ ਐਪ ਸਟੋਰ 'ਤੇ ਵੀ ਉਪਲਬਧ ਏ। ਇਹ ਐਪ ਆਮ ਲੋਕਾਂ, ਅਦਾਲਤੀ ਅਧਿਕਾਰੀਆਂ, ਵਕੀਲਾਂ, ਕਾਨੂੰਨ ਦੇ ਵਿਦਿਆਰਥੀਆਂ ਦੇ ਨਾਲ-ਨਾਲ ਪੁਲਿਸ ਅਧਿਕਾਰੀਆਂ ਲਈ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਆਪਣੇ

ਗਿਆਨ ਨੂੰ ਵਧਾਉਣ ਲਈ ਲਾਭਦਾਇਕ ਏ । ਇਹ ਐਪ ਇਕੋ ਥਾਂ 'ਤੇ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਪੂਰੀ ਜਾਣਕਾਰੀ ਪ੍ਰਦਾਨ ਕਰਨ ਲਈ, ਇੱਕ ਵਿਆਪਕ ਮਾਰਗ ਦਰਸ਼ਕ ਵਜੋਂ ਕੰਮ ਕਰਦੀ ਏ । ਇਸਤੋਂ ਇਲਾਵਾ ਤੁਰੰਤ ਜਾਣਕਾਰੀ ਪ੍ਰਾਪਤੀ ਲਈ ਖੋਜ ਅਤੇ ਲਿੰਕ ਕਰਨ ਦੀ ਸਹੂਲਤ ਦੇ ਨਾਲ-ਨਾਲ ਪੁਰਾਣੇ ਅਤੇ ਨਵੇਂ ਕਾਨੂੰਨਾਂ ਵਿਚਕਾਰ, ਸੈਕਸ਼ਨ ਮੁਤਾਬਿਕ ਤੁਲਨਾ ਕਰਨ ਲਈ ਇੱਕ ਚਾਰਟ ਵੀ ਮੁਹਈਆ ਕਰਦੀ ਏ । ਇਸ ਐਪ ਨੂੰ ਕਨੈਕਟੀਵਿਟੀ ਦੀ ਅਣਹੋਂਦ ਵਿੱਚ ਵੀ ਔਫਲਾਈਨ ਢੰਗ ਨਾਲ ਵੀ, ਕੰਮ ਕਰਨ ਲਈ ਤਿਆਰ ਕੀਤਾ ਗਿਆ ਏ । ਇਸ ਦੇ ਖਪਤਕਾਰ-ਅਨੁਕੂਲ ਡਿਜ਼ਾਈਨ, ਵਿਆਪਕ ਸਮੱਗਰੀ ਅਤੇ ਨਵੀਆਂ ਵਿਸ਼ੇਸ਼ਤਾਵਾਂ ਦੇ ਨਾਲ, ਐਪ ਵਰਤਣ ਵਾਲਿਆਂ ਨੂੰ, ਨਵੇਂ ਕਾਨੂੰਨਾਂ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਸਿੱਖਣ ਲਈ ਸਮਰੱਥ ਬਣਾਉਂਦੀ ਏ ।

---------------------------------------------------------

ਓਧਰ ਬਠਿੰਡਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰਾਂ ਦਾ ਕਹਿਣਾ ਏ, ਕਿ ਇਨਾ ਕਾਨੂੰਨਾਂ ਦਾ ਲਾਭ ਲੈਣ ਲਈ, ਲੋਕਾਂ ਨੂੰ ਵੀ ਇਨ੍ਹਾਂ ਦੀ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਏ ।

---------------------------------------------------------------

ਪਟਿਆਲਾ ਰੇਂਜ ਦੇ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੇ ਨਸ਼ਿਆਂ ਦੀ ਰੋਕਥਾਮ ਅਤੇ ਪੁਲਿਸ ਕਾਰਜ-ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ, ਪਟਿਆਲਾ ਰੇਂਜ ਅਧੀਨ ਆਉਂਦੇ ਚਾਰ ਜ਼ਿਲ੍ਹਿਆਂ ਪਟਿਆਲਾ, ਸੰਗਰੂਰ, ਬਰਨਾਲਾ ਅਤੇ ਮਲੇਰਕੋਟਲਾ ਦੇ ਜ਼ਿਲਾ ਪੁਲਿਸ ਮੁਖਿਆ ਨਾਲ  ਨਾਲ ਮੀਟਿੰਗ ਕੀਤੀ। ਉਨ੍ਹਾਂ ਹਦਾਇਤ ਕੀਤੀ ਗਈ ਕਿ ਪੁਲਿਸ ਕਰਮਚਾਰੀਆਂ ਨੂੰ ਚੌਕਸ ਕਰਨ ਅਤੇ ਪੁਲਿਸ ਕੰਮਕਾਜ ਨੂੰ ਦਰੁਸਤ ਕਰਨ ਲਈ, ਪ੍ਰਬੰਧਕੀ ਅਧਾਰ 'ਤੇ ਪੰਜਾਬ ਪੁਲਿਸ ਦੇ ਨਿਯਮਾਂ ਅਤੇ ਤਬਾਦਲਾ ਨੀਤੀ ਅਨੁਸਾਰ ਸਿਪਾਹੀ ਰੈਂਕ ਤੋ ਇੰਸਪੈਕਟਰ ਰੈਂਕ ਦੇ ਸਮੂਹ ਕਰਮਚਾਰੀਆਂ ਦੀਆਂ ਬਦਲੀਆਂ ਕੀਤੀਆਂ ਜਾਣ। ਮੀਟਿੰਗ ਦੇ ਮੱਦੇਨਜ਼ਰ ਐਸ.ਐਸ.ਪੀਜ਼ ਵੱਲੋਂ ਆਪੋ -ਆਪਣੇ ਜ਼ਿਲ੍ਹਿਆਂ ਵਿੱਚ ਫੇਰ ਬਦਲ ਕਰਦਿਆਂ, ਕੁੱਲ ਸਿਪਾਹੀ ਤੋਂ ਇੰਸਪੈਕਟਰ ਰੈਂਕ ਤੱਕ ਦੇ 916 ਕਰਮਚਾਰੀਆਂ ਦਾ ਤਬਾਦਲਾ ਕੀਤਾ ਗਿਆ ਏ। ਇਸ ਤੋ ਇਲਾਵਾ ਤਬਾਦਲਾ ਨੀਤੀ ਤਹਿਤ ਸਹਾਇਕ ਥਾਣੇਦਾਰ ਤੋ ਇੰਸਪੈਕਟਰ

ਰੈਂਕ ਦੇ ਕਰਮਚਾਰੀਆਂ ਦੀਆਂ ਪਟਿਆਲਾ ਰੇਂਜ ਦੇ ਇੱਕ ਜ਼ਿਲ੍ਹੇ ਤੋਂ ਦੂਜੇ ਜ਼ਿਲ੍ਹੇ ਵਿੱਚ ਬਦਲੀਆਂ ਵੀ ਕੀਤੀਆਂ ਗਈਆਂ ਨੇ।

---------------------------------------------------------------------

ਇਸ ਵਾਰ 21 ਜੂਨ ਨੂੰ ਕੌਮਾਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਮੋਹਾਲੀ ਤੇ ਤਰਨਤਾਰਨ ਵਾਸੀਆਂ ਨੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਦੀ ਅਪੀਲ ਕੀਤੀ।

---------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਪੈਗੰਬਰ ਹਜ਼ਰਤ ਇਬਰਾਹਿਮ ਦੀ ਅੱਲ੍ਹਾ ਪ੍ਰਤੀ ਅਥਾਹ ਸ਼ਰਧਾ ਦੀ ਯਾਦ ਵਿੱਚ ਮਨਾਏ ਜਾਂਦੇ ਤਿਉਹਾਰ ਈਦ-ਉਲ-ਜ਼ੁਹਾ- ਬਕਰੀਦ ਮੌਕੇ, ਲੋਕਾਂ ਖਾਸ ਕਰਕੇ ਮੁਸਲਮਾਨ ਭਾਈਚਾਰੇ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੰਦੇਸ਼ ਵਿੱਚ ਰਾਜਪਾਲ ਨੇ ਕਿਹਾ ਕਿ ਈਦ-ਉਲ-ਜ਼ੁਹਾ ਕੁਰਬਾਨੀ, ਨਿਰਸਵਾਰਥਤਾ ਦਾ ਪ੍ਰਤੀਕ ਹੋਣ ਦੇ ਨਾਲ-ਨਾਲ ਸਾਡੇ ਲਈ ਸ਼ੁਕਰਾਨਾ ਅਦਾ ਕਰਨ ਦਾ ਮੌਕਾ ਏ। ਇਸ ਦਿਨ

ਪਰਿਵਾਰ ਅਤੇ ਸਾਰੇ ਭਾਈਚਾਰ ਇਕੱਠੇ ਹੋ ਕੇ ਖੁਸ਼ੀਆਂ ਮਨਾਉਂਦੇ ਨੇ ਅਤੇ ਬਖ਼ਸ਼ਿਸ਼ਾਂ ਪ੍ਰਾਪਤ ਕਰਦੇ ਹਨ। ਰਾਜਪਾਲ ਨੇ ਇਸ ਪਵਿੱਤਰ ਦਿਹਾੜੇ 'ਤੇ ਆਪਣੀ ਹਉਮੈ ਅਤੇ ਹੰਕਾਰ ਨੂੰ ਤਿਆਗਣ ਅਤੇ ਪ੍ਰਾਰਥਨਾ, ਦਿਆਲਤਾ ਤੇ ਉਦਾਰਤਾ ਦੇ ਮਾਰਗ 'ਤੇ ਚੱਲਣ ਦਾ ਸੰਕਲਪ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਇਹ ਈਦ ਸਾਰਿਆਂ ਲਈ ਢੇਰ ਸਾਰੀਆਂ ਖੁਸ਼ੀਆਂ, ਸ਼ਾਂਤੀ ਅਤੇ ਖੁਸ਼ਹਾਲੀ ਲੈ ਕੇ ਆਵੇ।

---------------------------------------------------

ਰੂਪਨਗਰ ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਦੇ ਪਿੰਡ ਸ਼ਾਮਪੁਰਾ ਵਿਖੇ ਕਾਸੋ ਓਪਰੇਸ਼ਨ ਚਲਾਇਆ ਗਿਆ। SP ਰਾਜਪਾਲ ਸਿੰਘ ਹੁੰਦਲ ਨੇ ਕਿਹਾ ਕਿ ਇਸ ਦਾ ਉਦੇਸ਼ ਨਸ਼ਿਆਂ ਵੇਚਣ, ਸਪਲਾਈ ਕਰਨ ਵਾਲਿਆਂ ਅਤੇ ਤਸਕਰਾਂ ਉਤੇ ਕਾਬੂ ਪਾਉਣਾ ਏ। ਉਨ੍ਹਾਂ ਕਿਹਾ ਇਸ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਬ ਡਵੀਜ਼ਨਾਂ ਦੇ ਇਲਾਕਿਆਂ ਵਿਚ 8 ਟੀਮਾਂ ਬਣਾ ਕੇ DSPs ਦੀ ਅਗਵਾਈ ਵਿੱਚ ਇਹ ਸਰਚ ਓਪਰੇਸ਼ਨ ਕੀਤੇ ਜਾ ਰਹੇ ਨੇ।

-------------------------------------------------

ਗੁਰਦਾਸਪੁਰ ਥਾਣਾ ਬਹਿਰਾਮਪੁਰ ਦੀ ਪੁਲਿਸ ਵੱਲੋਂ ਨਾਜਾਇਜ਼ ਸ਼ਰਾਬ, ਲਾਹਣ ਅਤੇ ਸ਼ਰਾਬ ਦੀ ਚਾਲੂ ਭੱਠੀ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਏ। ਖਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਤੋਂ ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਨੇ ਸੂਹ ਦੇ ਆਧਾਰ ’ਤੇ ਪਿੰਡ ਕੇਸੋਪੁਰ ਦੇ ਛੰਭ ਵਿੱਚ ਤਲਾਬਾਂ ਦੇ ਨੇੜੇ ਛਾਪਾ ਮਾਰਿਆ ਅਤੇ ਸ਼ਰਨਜੀਤ ਨਾਂ ਦੇ ਵਿਅਕਤੀ ਨੂੰ ਚਾਲੂ ਭੱਠੀ, ਨਜਾਇਜ ਸਰਾਬ ਅਤੇ 70 ਕਿਲੋ ਲਾਹਣ ਸਮੇਤ ਕਾਬੂ ਕੀਤਾ। ਉਸ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ।

-------------------------------------------------

ਬਰਨਾਲਾ-ਮੋਗਾ ਸ਼ਾਹਰਾਹ 'ਤੇ ਹੰਡਿਆਇਆ ਸੜਕ ਨੇੜੇ ਅੱਜ ਇੱਕ ਕਾਰ ਨੂੰ ਅੱਗ ਲੱਗਣ ਕਾਰਨ, ਕਾਰ ਸਵਾਰ ਵਿਅਕਤੀ ਦੀ ਮੌਤ ਹੋ ਗਈ। ਅੱਗ ਲੱਗਣ ਦੇ ਕਾਰਨਾਂ ਦਾ ਹਲੇ ਪਤਾ ਨਹੀਂ ਚੱਲ ਸਕਿਆ ਏ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਨੇ ਅੱਗ ਤੇ ਕਾਬੂ ਪਾਇਆ। ਮ੍ਰਿਤਕ ਦੀ ਪਹਿਚਾਣ ਦਰਾਜ ਵਾਸੀ ਹਰਚਰਨ ਸਿੰਘ ਵਜੋਂ ਹੋਈ ਏ। ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਏ।

---------------------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਦਾ ਕਹਿਰ ਲਗਾਤਾਰ ਜਾਰੀ ਏ। ਤਪਦੇ ਸੂਰਜ ਅਤੇ ਵਗਦੀ ਲੂ ਨੇ ਲੋਕਾਂ ਦਾ ਘਰੋਂ ਨਿਕਲਣਾ ਮੁਸ਼ਕਿਲ ਕੀਤਾ ਹੋਇਆ ਏ। ਇਸ ਅੱਤ ਦੀ ਗਰਮੀ ਨੇ ਆਮ ਜਨ-ਜੀਵਨ ਨੂੰ ਬਹੁਤ ਪ੍ਰਭਾਵਿਤ ਕੀਤਾ ਹੋਇਆ ਏ। ਓਧਰ ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿਚ ਤੇਜ਼ ਗਰਮੀ ਦੀ ਕੀਤੀ ਭਵਿੱਖਬਾਣੀ ਦੇ ਮੱਦੇਨਜ਼ਰ, ਬਟਾਲਾ ਦੇ SMO ਡਾ. ਰਵਿੰਦਰ ਸਿੰਘ ਨੇ ਲੋਕਾਂ ਨੂੰ ਸਾਵਧਾਨੀਆਂ ਵਰਤਨ ਦੀ ਅਪੀਲ ਕੀਤੀ ਏ । ਉਨ੍ਹਾਂ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਬਹੁਤ ਜਿਆਦਾ ਗਰਮੀ ਅਤੇ ਲੂ ਵਗ ਰਹੀ ਏ ਤੇ ਆਉਣ ਵਾਲੇ ਦਿਨਾ ਗਰਮੀ ਦੇ ਹੋਰ ਵਧਣ ਦੀ ਸੰਭਾਵਨਾ ਏ ।ਉਨ੍ਹਾ ਕਿਹਾ ਕਿ ਬੱਚਿਆਂ ਅਤੇ ਬਜੁਰਗਾਂ, ਗਰਭਵਤੀ ਔਰਤਾਂ, ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦਾ ਜਿਆਦਾ ਖਤਰਾ ਹੁੰਦਾ ਏ। ਇਸ ਲਈ ਇਨਾ ਦਾ ਖ਼ਾਸ ਧਿਆਨ ਰੱਖਣ ਦੀ ਲੋੜ ਹੁੰਦੀ ਏ ਲੂਅ ਲੱਗਣ ਨਾਲ ਸਰੀਰ ਨੂੰ ਬੇਚੈਨੀ ਅਤੇ ਘਬਰਾਹਟ, ਅੱਖਾਂ ਦੇ ਸਾਹਮਣੇ ਹਨੇਰਾ

ਛਾ ਜਾਣਾ, ਚੱਕਰ ਆਉਣੇ , ਚਿੜਚਿੜਾਪਨ ਹੋਣ ਵਰਗੇ ਲੱਛਣ ਵਿਖਾਈ ਦੇਣ ਤੇ ਤੁਰੰਤ ਡਾਕਟਰ ਕੋਲ ਜਾਣਾ ਚਾਹੀਦਾ ਏ । ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਗਰਮੀ ਚ ਲੂਅ ਤੋਂ ਬਚਣ ਦੇ ਲਈ ਪਾਣੀ, ਨਿੰਬੂ ਪਾਣੀ, ਲੱਸੀ, ਓ.ਆਰ.ਐੱਸ. ਦੇ ਘੋਲ ਲਿਆ ਜਾਵੇ ਅਤੇ ਦੁਪਹਿਰ ਦੇ ਵੇਲੇ ਬਹੁਤ ਜਿਆਦਾ ਜਰੂਰੀ ਹੋਣ ਤੇ ਹੀ ਨਿਕਲਿਆ ਜਾਵੇ । ਉਨ੍ਹਾ ਕਿਹਾ ਕਿ ਜ਼ਿਆਦਾ ਮਸਾਲੇਦਾਰ ਭੋਜਨ ਅਤੇ ਬਜ਼ਾਰ ਦੇ ਖਾਣੇ ਤੋਂ ਪ੍ਰਹੇਜ਼ ਕੀਤਾ ਜਾਵੇ, ਕੁਲਰ ਜਾਂ ਏ.ਸੀ. ਵਾਲੇ ਕਮਰੇ ਵਿੱਚ ਬੈਠਣ ਤੋਂ ਬਾਅਦ, ਇੱਕ ਦਮ ਧੁੱਪ ਵਿੱਚ ਨਾ ਨਿਕਲਿਆ ਜਾਵੇ ।

-----------------------------------------------------------

ਓਧਰ ਮੌਸਮ ਵਿਭਾਗ ਨੇ ਕਿਹਾ ਏ, ਕਿ ਪੰਜਾਬ ਦੇ ਲੋਕਾਂ ਨੂੰ, ਆਉਂਦੇ ਦਿਨਾਂ ਵਿਚ ਹੋਰ ਵੀ ਅੱਤ ਦੀ ਗਰਮੀ ਗਰਮੀ ਦਾ ਸਾਹਮਣਾ ਕਰਨਾ ਪਵੇਗਾ । ਮੌਸਮ ਵਿਭਾਗ ਨੇ 2 ਦਿਨਾਂ ਲਈ ਹੀਟ ਵੇਵ ਦਾ ਅਲਰਟ ਜਾਰੀ ਕੀਤਾ ਏ । ਅੱਜ ਸੂਬੇ ਦੇ 17 ਜ਼ਿਲ੍ਹਿਆਂ ਵਿੱਚ ਆਰੇਂਜ ਅਲਰਟ ਅਤੇ 6 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਫਾਜ਼ਿਲਕਾ ਵਿੱਚ ਸਭ ਤੋਂ ਵੱਧ ਤਾਪਮਾਨ 47.1 ਡਿਗਰੀ ਸੈਲਸੀਅਸ

ਦਰਜ ਕੀਤਾ ਗਿਆ। ਸਾਰੇ ਜ਼ਿਲ੍ਹੇ 42 ਡਿਗਰੀ ਨੂੰ ਪਾਰ ਕਰ ਰਹੇ ਨੇ ਜਦਕਿ 10 ਜ਼ਿਲ੍ਹਿਆਂ ਵਿੱਚ ਤਾਪਮਾਨ 45 ਡਿਗਰੀ ਤੋਂ ਵੱਧ ਦਰਜ ਕੀਤਾ ਗਿਆ ਏ। ਹਾਲਾਂਕਿ 24 ਘੰਟਿਆਂ 'ਚ ਵੱਧ ਤੋਂ ਵੱਧ ਤਾਪਮਾਨ 'ਚ ਕੋਈ ਬਦਲਾਅ ਨਹੀਂ ਹੋਇਆ। ਹਾਲਾਂਕਿ ਤਾਪਮਾਨ ਆਮ ਦਿਨਾਂ ਨਾਲੋਂ 6.6 ਡਿਗਰੀ ਵੱਧ ਰਿਹਾ।ਇਸ ਦੇ ਨਾਲ ਹੀ ਝੋਨੇ ਦਾ ਸੀਜ਼ਨ ਸ਼ੁਰੂ ਹੋਣ ਕਾਰਨ, ਬਿਜਲੀ ਦੀ ਮੰਗ ਕਾਫੀ ਵਧ ਗਈ ਏ। ਬਿਜਲੀ ਦੀ ਮੰਗ 15 ਹਜ਼ਾਰ 425 ਮੈਗਾਵਾਟ ਤੱਕ ਪਹੁੰਚ ਗਈ, ਜਦੋਂ ਕਿ ਪਿਛਲੇ ਸਾਲ ਇਹ ਮੰਗ ਘੱਟ ਸੀ।

-----------------------------------------------------

ਪਸ਼ੂ ਪਾਲਣ ਵਿਭਾਗ ਨੇ ਪਸ਼ੂ ਪਾਲਕਾਂ ਨੂੰ ਸਲਾਹ ਜਾਰੀ ਕੀਤੀ ਏ ਕਿ ਉਹ, ਆਪਣੇ ਜਾਨਵਰਾਂ ਨੂੰ ਕਹਿਰ ਦੀ ਗਰਮੀ ਤੋਂ ਕਿਵੇਂ ਬਚਾਉਣ। ਫਾਜ਼ਿਲਕਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਏ ਕਿ ਉਹ ਆਪਣੇ ਜਾਨਵਰਾਂ ਨੂੰ ਗਰਮੀ ਤੋਂ ਬਚਾਉਣ ਲਈ ਜਰੂਰੀ ਸਾਵਧਾਨੀਆਂ ਵਰਤਨ। ਪਸ਼ੂ ਪਾਲਣ ਵਿਭਾਗ ਫਾਜ਼ਿਲਕਾ ਦੇ ਅਧਿਕਾਰੀ ਮਨਦੀਪ ਸਿੰਘ ਨੇ ਦੱਸਿਆ ਕਿ ਪਸ਼ੂਆਂ ਨੂੰ ਛਾਂ

ਵਿੱਚ ਰੱਖੋ ਅਤੇ ਉਹਨਾਂ ਨੂੰ ਪੀਣ ਲਈ ਵਾਧੂ ਸਾਫ ਅਤੇ ਤਾਜਾ ਪਾਣੀ ਦਿਓ। ਜਿੱਥੇ ਕਿਤੇ ਪਸ਼ੂਆਂ ਤੋਂ ਕੰਮ ਕਰਵਾਇਆ ਜਾਂਦਾ ਹੋਵੇ ਤਾਂ ਸਵੇਰੇ 11 ਤੋਂ ਸ਼ਾਮ 4 ਵਜੇ ਤੱਕ, ਜਾਨਵਰਾਂ ਤੋਂ ਕੰਮ ਨਾ ਲਓ । ਪਸ਼ੂਆਂ ਦੇ ਸ਼ੈਡ ਦੀ ਛੱਤ ਨੂੰ ਫੂਸ ਨਾਲ ਢਕੋ ਜਾਂ ਉਸਨੂੰ ਚਿੱਟੇ ਰੰਗ ਨਾਲ ਰੰਗ ਦਿਓ ਅਤੇ ਗੋਬਰ ਨਾਲ ਪਲਾਸਟਰ ਕਰੋ ਤਾਂ ਜੋ ਤਾਪਮਾਨ ਨੂੰ ਘਟਾਇਆ ਜਾ ਸਕੇ । ਪਸ਼ੂਆਂ ਦੇ ਸ਼ੈਡ ਵਿੱਚ ਪੱਖੇ, ਪਾਣੀ ਦੇ ਸਪਰੇ ਵਰਤੋ । ਜਿਆਦਾ ਗਰਮੀ ਵਿੱਚ ਪਾਣੀ ਦਾ ਛਿੜਕਾਅ ਕਰੋ ਅਤੇ ਪਸ਼ੂਆਂ ਨੂੰ ਨੇੜਲੇ ਪਾਣੀ ਦੇ ਸਰੋਤ ਵਿੱਚ ਠੰਡਾ ਕਰਨ ਲਈ ਲੈ ਜਾਓ । ਉਹਨਾਂ ਨੂੰ ਸਵੇਰ ਸ਼ਾਮ ਦੇ ਸਮੇਂ ਦੌਰਾਨ ਚਾਰਾ ਖਵਾਓ ।

-----------------------------------------------------

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਕਿਹਾ ਕਿ, 'ਤਿੰਨ ਨਵੇਂ ਫੌਜਦਾਰੀ ਕਾਨੂੰਨ' ਲੋਕਾਂ ਨੂੰ ਜਲਦੀ ਨਿਆਂ ਦੇਣ ਲਈ ਬਣਾਏ ਗਏ ਨੇ ।

- ਪਟਿਆਲਾ ਰੇਂਜ ਦੇ ਜਿਲ੍ਹਿਆਂ 'ਚ 916 ਪੁਲਿਸ ਮੁਲਾਜ਼ਮਾਂ ਦੇ ਤਬਦਾਲੇ ਕੀਤੇ ਗਏ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਤਿਉਹਾਰ ਈਦ-ਉਲ-ਜ਼ੁਹਾ- ਬਕਰੀਦ ਦੀ ਪੂਰਵ ਸੰਧਿਆ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।
- ਗਰਮੀ ਦੇ ਚਲਦਿਆਂ ਮੌਸਮ ਵਿਭਾਗ ਵਲੋਂ 2 ਦਿਨਾਂ ਲਈ ਹੀਟਵੇਵ ਦਾ ਅਲਰਟ ਜਾਰੀ।